

# Shabad Hazarai Patshahi 10

by Guru Gobind Singh

Distributed by SikhNet.com

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥

ਰਾਮਕਲੀ ਪਾਤਿਸ਼ਾਹੀ ੧੦ ॥

ਰੇ ਮਨ ਐਸੋ ਕਰਿ ਸੰਨਿਆਸਾ ॥ ਬਨ ਸੇ ਸਦਨ ਸਭੈ ਕਰਿ ਸਮਝਹੁ ਮਨ ਹੀ ਮਾਹਿ ਉਦਾਸਾ ॥ ੧॥ ਰਹਾਉ ॥ ਜਤ ਕੀ ਜਟਾ ਜੋਗ ਕੋ ਮੱਜਨੁ ਨੇਮ ਕੇ ਨਖਨ ਬਢਾਓ ॥ ਗਯਾਨ ਗੁਰੂ ਆਤਮ ਉਪਦੇਸ਼ਹੁ ਨਾਮ ਬਿਭੂਤ ਲਗਾਓ ॥੧॥ ਅਲਪ ਅਹਾਰ ਸੁਲਾਪ ਸੀ ਨਿੰਦ੍ਰਾ ਦਯਾ ਛਿਮਾ ਤਨ ਪ੍ਰੀਤਿ ॥ ਸੀਲ ਸੰਤੋਖ ਸਦਾ ਨਿਰਬਾਹਿਬੋ ਹ੍ਵੈਬੋ ਤ੍ਰਿਗੁਣ ਅਤੀਤਿ ॥ ੨॥ ਕਾਮ ਕ੍ਰੋਧ ਹੰਕਾਰ ਲੋਭ ਹਠ ਮੋਹ ਨ ਮਨ ਸੋ ਲਯਾਵੈ ॥ ਤਬ ਹੀ ਆਤਮ ਤਤ ਕੋ ਦਰਸੇ ਪਰਮ ਪੁਰਖ ਕਹ ਪਾਵੈ ॥ ੩॥ ੧॥

## ਰਾਮਕਲੀ ਪਾਤਿਸ਼ਾਹੀ ॥ ੧੦॥

ਰੇ ਮਨ ਇਹਿ ਬਿਧਿ ਜੋਗੁ ਕਮਾਓ ॥ ਸਿੰਙੀ ਸਾਚ ਅਕਪਟ ਕੰਠਲਾ ਧਿਆਨ ਬਿਭੂਤ ਚੜ੍ਹਾਓ ॥ ੧॥ ਰਹਾਉ ॥ ਤਾਤੀ ਗਹੁ ਆਤਮ ਬਸਿ ਕਰ ਕੀ ਭਿੱਛਾ ਨਾਮ ਅਧਾਰੰ ॥ ਬਾਜੇ ਪਰਮ ਤਾਰ ਤਤੁ ਹਰਿ ਕੋ ਉਪਜੈ ਰਾਗ ਰਸਾਰੰ ॥ ੧॥ ਉਘਟੈ ਤਾਨ ਤਰੰਗ ਰੰਗਿ ਅਤਿ ਗਯਾਨ ਗੀਤ ਬੰਧਾਨੰ ॥ ਚਕਿ ਚਕਿ ਰਹੇ ਦੇਵ ਦਾਨਵ ਮੁਨਿ ਛਕਿ ਛਕਿ ਬਯੋਮ ਬਿਵਾਨੰ ॥ ੨॥ ਆਤਮ ਉਪਦੇਸ਼ ਭੇਸੁ ਸੰਜਮ ਕੋ ਜਾਪੁ ਸੁ ਅਜਪਾ ਜਾਪੇ ॥ ਸਦਾ ਰਹੈ ਕੰਚਨ ਸੀ ਕਾਯਾ ਕਾਲ ਨ ਕਬਹੂੰ ਬਯਾਪੇ ॥ ੩॥ ੨॥

## ਰਾਮਕਲੀ ਪਾਤਸ਼ਾਹੀ ॥ ੧੦॥

ਪ੍ਰਾਨੀ ਪਰਮ ਪੁਰਖ ਪਖ ਲਾਗੋ ॥

ਸੋਵਤ ਕਹਾ ਮੋਹ ਨਿੰਦ੍ਰਾ ਮੈ ਕਬਹੂੰ ਸੁਚਿਤ ਹ੍ਵੈ ਜਾਗੋ ॥ ੧॥ ਰਹਾਉ ॥ ਔਰਨ ਕਹ ਉਪਦੇਸ਼ਤ ਹੈ ਪਸੁ ਤੋਹਿ ਪ੍ਰਬੋਧ ਨ ਲਾਗੋ ॥ ਸਿੰਚਤ ਕਹਾ ਪਰੇ ਬਿਖਿਯਨ ਕਹ ਕਬਹੁ ਬਿਖੈ ਰਸ ਤਯਾਗੋ ॥੧॥ ਕੇਵਲ ਕਰਮ ਭਰਮ ਸੇ ਚੀਨਹੁ ਧਰਮ ਕਰਮ ਅਨੁਰਾਗੋ ॥ ਸੰਗ੍ਰਹਿ ਕਰੋ ਸਦਾ ਸਿਮਰਨ ਕੋ ਪਰਮ ਪਾਪ ਤਜਿ ਭਾਗੋ ॥ ੨॥ ਜਾ ਤੇ ਦੂਖ ਪਾਪ ਨਹਿ ਭੇਟੈ ਕਾਲ ਜਾਲ ਤੇ ਤਾਗੋ ॥ ਜੌ ਸੁਖ ਚਾਹੋ ਸਦਾ ਸਭਨ ਕੌ ਤੌ ਹਰਿ ਕੇ ਰਸ ਪਾਗੋ ॥ ੩॥ ੩॥

ਰਾਗੁ ਸੋਰਠਿ ਪਾਤਿਸ਼ਾਹੀ ॥ ੧੦॥

ਪ੍ਰਭਜੂ ਤੋਕਹਿ ਲਾਜ ਹਮਾਰੀ ॥ ਨਲਿ ਕੰਠ ਨਰਹਰਿ ਨਾਰਾਇਣ ਨੀਲ ਬਸਨ ਬਨਵਾਰੀ ॥ ੧॥ਰਹਾਉ ॥

ਪਰਮ ਪੁਰਖ ਪਰਮੇਸ਼ੁਰ ਸੁਆਮੀ ਪਾਵਨ ਪਉਨ ਅਹਾਰੀ ॥ ਮਾਧਵ ਮਹਾ ਜੋਤਿ ਮਧੁ ਮਰਦਨ ਮਾਨ ਮੁਕੰਦ ਮੁਰਾਰੀ ॥ ੧॥ ਨਿਰਬਿਕਾਰ ਨਿਰਜੁਰ ਨਿੰਦ੍ਰਾਬਿਨੁ ਨਿਰਬਿਖ ਨਰਕ ਨਿਵਾਰੀ ॥ ਕ੍ਰਿਪਾਸਿੰਧ ਕਾਲ ਤ੍ਰੈ ਦਰਸੀ ਕੁਕ੍ਰਿਤ ਪ੍ਰਨਾਸਨਕਾਰੀ ॥ ੨॥ ਧਨੁਰਪਾਨ ਧ੍ਰਿਤ ਮਾਨ ਧਰਾਧਰ ਅਨਿ ਬਿਕਾਰ ਅਸਿ ਧਾਰੀ ॥ ਹੌਂ ਮਤਿ ਮੰਦ ਚਰਨ ਸ਼ਰਨਾਗਤਿ ਕਰਿ ਗਹਿ ਲੇਹੁ ਉਬਾਰੀ ॥ ੩॥ ੧॥

## ਰਾਗੁ ਕਲਿਆਨ ਪਾਤਿਸ਼ਾਹੀ ੧੦॥

ਬਿਨ ਕਰਤਾਰ ਨ ਕਿਰਤਮ ਮਾਨੋ ॥ ਆਦਿ ਅਜੋਨਿ ਅਜੈ ਅਬਿਨਾਸ਼ੀ ਤਿਹ ਪਰਮੇਸ਼ਰ ਜਾਨੋ ॥ ੧॥ ਰਹਾਉ ॥ ਕਹਾ ਭਯੋ ਜੋ ਆਨਿ ਜਗਤ ਮੈ ਦਸਕ ਅਸੁਰ ਹਰਿ ਘਾਏ ॥

ਅਧਿਕ ਪ੍ਰਪੰਚ ਦਿਖਾਇ ਸਭਨ ਕਹ ਆਪਹਿ ਬ੍ਰਹਮੁ ਕਹਾਏ ॥ ੧॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਸੋ ਕਿਮ ਜਾਤ ਗਿਨਾਯੋ ॥ ਤਾ ਤੇ ਸਰਬ ਕਾਲ ਕੇ ਅਸਿ ਕੋ ਘਾਇ ਬਚਾਇ ਨ ਆਯੋ ॥ ੨॥ ਕੈਸੇ ਤੋਹਿ ਤਾਰਿ ਹੈ ਸੁਨਿ ਜੜ ਆਪ ਡੁਬਯੋ ਭਵ ਸਾਗਰ ॥ ਛੁਟਿਹੋ ਕਾਲ ਫਾਸ ਤੇ ਤਬ ਹੀ ਗਹੋ ਸ਼ਰਨਿ ਜਗਤਾਗਰ ॥ ੩॥੧॥

## ਖਿਆਲ ਪਾਤਿਸ਼ਾਹੀ ੧੦॥

ਮਿਤ੍ਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ ॥ ਤੁਧੁ ਬਿਨੁ ਰੋਗੁ ਰਜਾਈਆਂ ਦਾ ਓਢਣ ਨਾਗ ਨਿਵਾਸਾਂ ਦੇ ਰਹਿਣਾ ॥ ਸੂਲ ਸੁਰਾਹੀ ਖੰਜਰੁ ਪਿਆਲਾ ਬਿੰਗ ਕਸਾਈਆਂ ਦਾ ਸਹਿਣਾ ॥ ਯਾਰੜੇ ਦਾ ਸਾਨੂੰ ਸੱਥਰੁ ਚੰਗਾ ਭੱਠ ਖੇੜਿਆਂ ਦਾ ਰਹਿਣਾ ॥ ੧॥ ੧॥

ਤਿਲੰਗ ਕਾਫੀ ਪਾਤਿਸ਼ਾਹੀ ॥ ੧੦॥
ਕੇਵਲ ਕਾਲ ਈ ਕਰਤਾਰ ॥ ਆਦਿ ਅੰਤ ਅਨੰਤਿ ਮੂਰਤ ਗੜ੍ਹਨ ਭੰਜਨਹਾਰ ॥ ੧॥ ਰਹਾਉ ॥ ਨਿੰਦ ਉਸਤਤ ਜਉਨ ਕੇ ਸਮ ਸ਼ੱਤ੍ਰ ਮਿਤ੍ਰ ਨ ਕੋਇ ॥ ਕਉਨ ਬਾਟ ਪਰੀ ਤਿਸੈ ਪਥ ਸਾਰਥੀ ਰਥ ਹੋਇ ॥ ੧॥ ਤਾਤ ਮਾਤ ਨ ਜਾਤ ਜਾਕਰ ਪੁਤ੍ਰ ਪੌਤ੍ਰ ਮੁਕੰਦ ॥ ਕਉਨ ਕਾਜ ਕਹਾਹਿੰਗੇ ਤੇ ਆਨਿ ਦੇਵਕਿ ਨੰਦ ॥ ੨॥ ਦੇਵ ਦੈਤ ਦਿਸਾ ਵਿਸਾ ਜਿਹ ਕੀਨ ਸਰਬ ਪਸਾਰ ॥ ਕਉਨ ਉਪਮਾ ਤਉਨ ਕੋ ਮੁਖ ਲੇਤ ਨਾਮੁ ਮੁਰਾਰ ॥ ੩॥ ੧॥

ਰਾਗੁ ਬਿਲਾਵਲ ਪਾਤਿਸ਼ਾਹੀ ॥ ੧੦॥
ਸੋ ਕਿਮ ਮਾਨਸ ਰੂਪ ਕਹਾਏ ॥ ਸਿੱਧ ਸਮਾਧ ਸਾਧ ਕਰ ਹਾਰੇ ਕਯੌਹੂੰ ਨ ਦੇਖਨ ਪਾਏ ॥ ੧॥

ਰਹਾਉ ॥ ਨਾਰਦ ਬਿਆਸ ਪਰਾਸਰ ਧ੍ਰੂਅ ਸੇ ਧਯਾਵਤ ਧਯਾਨ ਲਗਾਏ ॥ ਬੇਦ ਪੁਰਾਨ ਹਾਰ ਹਠ ਛਾਡਿਓ ਤਦਪਿ ਧਯਾਨ ਨ ਆਏ ॥ ੧॥ ਦਾਨਵ ਦੇਵ ਪਿਸਾਚ ਪ੍ਰੇਤ ਤੇ ਨੇਤਹਿ ਨੇਤਿ ਕਹਾਏ ॥ ਸੂਛਮ ਤੇ ਸੂਛਮ ਕਰ ਚੀਨੇ ਬ੍ਰਿੱਧਨ ਬ੍ਰਿੱਧ ਬਤਾਏ ॥ ੨॥ ਭੂਮ ਅਕਾਸ਼ ਪਤਾਲ ਸਭੈਂ ਸਜਿ ਏਕ ਅਨੇਕ ਸਦਾਏ ॥ ਸੋ ਨਰ ਕਾਲ ਫਾਸ ਤੇ ਬਾਚੇ ਜੋ ਹਰਿ ਸ਼ਰਣ ਸਿਧਾਏ ॥ ੩॥੧॥

ਰਾਗੁ ਦੇਵਗੰਧਾਰੀ ਪਾਤਿਸ਼ਾਹੀ ੧੦॥

ਇਕ ਬਿਨ ਦੂਸਰ ਸੋ ਨ ਚਿਨਾਰ ॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਜਾਨਤ ਹੈ ਕਰਤਾਰ ॥ ੧॥ ਰਹਾਉ ॥ ਕਹਾ ਭਇਓ ਜੋ ਅਤਿ ਹਿਤ ਚਿਤ ਕਰ ਬਹੁਬਿਧਿ ਸਿਲਾ ਪੁਜਾਈ ॥

ਪਾਨ ਥਕੇ ਪਾਹਿਨ ਕੱਹ ਪਰਸਤ ਕਛੁ ਕਰ ਸਿੱਧ ਨ ਆਈ ॥ ੧॥ ਅੱਛਤ ਧੂਪ ਦੀਪ ਅਰਪਤ ਹੈ ਪਾਹਨ ਕਛੂ ਨ ਖੈ ਹੈ ॥ ਤਾ ਮੈ ਕਹਾਂ ਸਿੱਧ ਹੈ ਰੇ ਜੜ ਤੋਹਿ ਕਛੂ ਬਰ ਦੈ ਹੈ ॥ ੨॥ ਜੌਂ ਜਿਯ ਹੋਤ ਦੇਤ ਕਛੁ ਤੁਹਿ ਕਰ ਮਨ ਬਚ ਕਰਮ ਬਿਚਾਰ ॥ ਕੇਵਲ ਏਕ ਸ਼ਰਣਿ ਸੁਆਮੀ ਬਿਨ ਯੌਂ ਨਹਿ ਕਤਹਿ ਉਧਾਰ ॥੩॥੧॥

ਰਾਗੁ ਦੇਵਗੰਧਾਰੀ ਪਾਤਿਸ਼ਾਹੀ ੧੦॥

ਬਿਨ ਹਰਿ ਨਾਮ ਨ ਬਾਚਨ ਪੈ ਹੈ ॥ ਚੌਂਦਹ ਲੋਕ ਜਾਹਿ ਬਸਿ ਕੀਨੇ ਤਾ ਤੇ ਕਹਾਂ ਪਲੈ ਹੈ ॥ ੧॥ ਰਹਾਉ ॥ ਰਾਮ ਰਹੀਮ ਉਬਾਰ ਨ ਸਕਿ ਹੈ ਜਾ ਕਰ ਨਾਮ ਰਟੈ ਹੈ ॥ ਬ੍ਰਹਮਾ ਬਿਸ਼ਨ ਰੁਦ੍ਰ ਸੂਰਹ ਸਸਿ ਤੇ ਬਸਿ ਕਾਲ ਸਭੈ ਹੈ ॥ ੧॥

ਬੇਦ ਪੁਰਾਨ ਕੁਰਾਨ ਸਭੈ ਮਤ ਜਾਕਹ ਨੇਤਿ ਕਹੈ ਹੈ ॥ ਇੰਦ੍ਰ ਫਨਿੰਦ੍ਰ ਮੁਨਿੰਦ੍ਰ ਕਲਪ ਬਹੁ ਧਯਾਵਤ ਧਯਾਨ ਨ ਐ ਹੈ ॥ ੨॥ ਜਾ ਕਰ ਰੂਪ ਰੰਗ ਨਹਿ ਜਨਿਯਤ ਸੋ ਕਿਮ ਸਯਾਮ ਕਹੈ ਹੈ ॥ ਛੁਟਹੋ ਕਾਲ ਜਾਲ ਤੇ ਤਬ ਹੀ ਤਾਹਿ ਚਰਨ ਲਪਟੈ ਹੈ ॥ ੩॥ ੨॥